# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :10-06-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਭਾਰਤ ਦੇ ਸਭ ਤੋਂ ਵੱਧ ਸਮੇਂ ਤੱਕ ਸੇਵਾ ਨਿਭਾਉਣ ਵਾਲੇ ਚੁਣੇ ਹੋਏ ਪ੍ਰਧਾਨ ਮੰਤਰੀ ਬਣ ਗਏ ਨੇ. ਸ਼੍ਰੀ ਮੋਦੀ ਨੇ 26 ਮਈ 2014 ਨੂੰ ਅਹੁਦੇ ਦੀ ਸਹੁੰ ਚੁੱਕੀ ਸੀ। ਉਨ੍ਹਾਂ ਨੇ ਪੰਡਿਤ ਜਵਾਹਰ ਲਾਲ ਨਹਿਰੂ ਦੇ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ ਏ ਜਿਨ੍ਹਾਂ ਨੇ ਪਹਿਲੀ ਵਾਰ 13 ਮਈ 1952 ਨੂੰ ਚੁਣੇ ਹੋਏ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕੀ ਅਤੇ 27 ਮਈ 1964 ਤੱਕ ਸੇਵਾ ਨਿਭਾਈ. ਚੁਣੇ ਹੋਏ ਪ੍ਰਧਾਨ ਮੰਤਰੀ ਵਜੋਂ ਪੰਡਿਤ ਨਹਿਰੂ ਦਾ ਕਾਰਜਕਾਲ ਚਾਰ ਹਜ਼ਾਰ 398 ਦਿਨ ਦਾ ਸੀ. 26 ਮਈ 2014 ਤੋਂ ਅੱਜ 10 ਜੂਨ 2026 ਤੱਕ, ਪ੍ਰਧਾਨ ਮੰਤਰੀ ਮੋਦੀ ਦਾ ਨਿਰੰਤਰ ਕਾਰਜਕਾਲ ਹੁਣ ਚਾਰ ਹਜ਼ਾਰ 399 ਦਿਨ ਏ, ਜਿਸ ਨਾਲ ਉਹ ਭਾਰਤ ਦੇ ਇਤਿਹਾਸ ਵਿੱਚ ਸਭ ਤੋਂ ਵੱਧ ਸਮੇਂ ਤੱਕ ਸੇਵਾ ਨਿਭਾਉਣ ਵਾਲੇ ਚੁਣੇ ਹੋਏ ਪ੍ਰਧਾਨ ਮੰਤਰੀ ਬਣ ਗਏ ਨੇ.

-----------------------------------------------

ਕੇਂਦਰ ਸਰਕਾਰ ਨੇ ਦਿਹਾਤੀ ਵਿਕਾਸ ਲਈ 1.25 ਲੱਖ ਕਰੋੜ ਰੁਪਏ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਏ। ਕੇਂਦਰੀ ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪਹਿਲਾਂ ਹੀ ਮਨਰੇਗਾ ਅਧੀਨ 30 ਹਜ਼ਾਰ ਕਰੋੜ ਅਲਾਟ ਕਰ ਦਿੱਤੇ ਨੇ. ਇਹ ਕਾਨੂੰਨ ਪਹਿਲੀ ਜੁਲਾਈ ਤੋਂ ਦੇਸ਼ ਭਰ ਵਿੱਚ ਲਾਗੂ ਕੀਤਾ ਜਾਵੇਗਾ।

---------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ ਸੂਬਾ ਸਰਕਾਰ ਨੇ ਪੰਜਾਬ ਸਕੂਲ ਸਿੱਖਿਆ ਬੋਰਡ (ਪੀ.ਐਸ.ਈ.ਬੀ.) ਦੀ ਪੇਪਰ ਮੁਲੰਕਣ ਪ੍ਰਣਾਲੀ ਵਿੱਚ ਬਦਲਾਅ ਕਰਦਿਆਂ, ਬੋਰਡ ਪ੍ਰੀਖਿਆਵਾਂ ਵਿੱਚ ਬਰਾਬਰ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਹੁਣ ਬਰਾਬਰ ਰੈਂਕ ਦੇਣ ਦਾ ਫੈਸਲਾ ਕੀਤਾ ਏ। ਇਸ ਫੈਸਲੇ ਨਾਲ, ਜਨਮ ਤਰੀਕ ਨੂੰ ਟਾਈ-ਬ੍ਰੇਕਰ ਵਜੋਂ ਵਰਤਣ ਦੀ ਲੰਮੇ ਸਮੇਂ ਤੋਂ ਪ੍ਰਚੱਲਿਤ ਰਿਵਾਇਤ ਖ਼ਤਮ ਹੋ ਜਾਵੇਗੀ। ਇਹ ਅਹਿਮ ਫੈਸਲਾ ਅੱਜ ਪੀ.ਐਸ.ਈ.ਬੀ. ਦੀ ਬੋਰਡ ਮੀਟਿੰਗ ਦੌਰਾਨ ਲਿਆ ਗਿਆ। ਇਸ ਫੈਸਲੇ ਦਾ ਆਧਾਰ 31 ਮਈ, 2026 ਨੂੰ ਕਰਵਾਏ ਗਏ ਸੂਬਾ ਪੱਧਰੀ ਸਨਮਾਨ ਸਮਾਰੋਹ "ਸਿਤਾਰੇ ਜ਼ਮੀਨ 'ਤੇ" ਦੌਰਾਨ ਕੁਝ

ਵਿਦਿਆਰਥੀਆਂ ਨਾਲ ਹੋਈ ਗੱਲਬਾਤ ਤੋਂ ਲਿਆ ਗਿਆ ਏ। ਇਸ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 8ਵੀਂ, 10ਵੀਂ ਅਤੇ 12ਵੀਂ ਜਮਾਤ ਦੇ ਜ਼ਿਲ੍ਹਾ ਟਾਪਰਾਂ ਨੂੰ ਸਨਮਾਨਿਤ ਕੀਤਾ ਅਤੇ ਇਸ ਸਮੇਂ ਗੱਲਬਾਤ ਦੌਰਾਨ, ਕੁਝ ਵਿਦਿਆਰਥੀਆਂ ਨੇ ਦੱਸਿਆ ਕਿ ਚੋਟੀ ਦੇ ਰੈਂਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਦੇ ਬਰਾਬਰ ਅੰਕਾਂ ਵਾਲੇ ਵਿਦਿਆਰਥੀਆਂ ਨੂੰ ਸਿਰਫ਼ ਉਮਰ ਦੇ ਅਧਾਰ 'ਤੇ ਮੈਰਿਟ ਸੂਚੀ ਵਿੱਚ ਹੇਠਾਂ ਰੱਖਿਆ ਜਾਂਦਾ ਏ, ਜਿਸ ਨਾਲ ਉਨ੍ਹਾਂ ਦੇ ਰੈਂਕ ਪ੍ਰਭਾਵਿਤ ਹੁੰਦੇ ਨੇ. ਇਸ ਮਾਮਲੇ ਨੂੰ ਧਿਆਨ ‘ਚ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਇਸ ਰਿਵਾਇਤ ਨੂੰ ਖ਼ਤਮ ਕਰਨ ਅਤੇ ਬਰਾਬਰ ਅੰਕ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਲਈ ਸਾਂਝੀ ਰੈਂਕ ਪ੍ਰਣਾਲੀ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਸਨ।
ਸ਼੍ਰੀ ਬੈਂਸ ਨੇ ਕਿਹਾ ਕਿ ਹੁਣ ਬਰਾਬਰ ਅੰਕਾਂ ਦਾ ਮਤਲਬ ਬਰਾਬਰ ਰੈਂਕ ਹੋਵੇਗਾ।

---------------------------------------------------

ਕਲ੍ਹ ਭੀਖੀ ਵਿਖੇ ਇਕ ਮੋਟਰਸਾਈਕਲ ਰੇਹੜੀ ਨੂੰ ਟਰਾਲੇ ਵੱਲੋਂ ਟੱਕਰ ਮਾਰ ਦੇਣ ਨਾਲ ਦੋ ਨੌਜਵਾਨ ਦੋਸਤਾਂ ਦੀ ਮੌਤ ਹੋ ਗਈ ਹ। ਪਿੰਡ ਹਮੀਰਗੜ੍ਹ ਢੈਪਈ ਦੇ ਦੋ ਦੋਸਤ ਸੁਖਵੀਰ ਸਿੰਘ ਤੇ

ਰਣਇੰਦਰ ਸਿੰਘ ਜਦੋਂ ਭੀਖੀ ਤੋਂ ਆਪਣੇ ਪਿੰਡ ਵਾਪਿਸ ਮੁੜ ਰਹੇ ਸਨ ਤਾਂ ਭੀਖੀ ਨਹਿਰੀ ਪੁਲ ਤੇ ਉਨ੍ਹਾਂ ਦੀ ਰੇਹੜੀ ਨੂੰ ਕਿਸੇ ਟਰਾਲੇ ਨੇ ਟੱਕਰ ਮਾਰ ਦਿੱਤੀ,ਜਿਸ ਵਿਚ ਉਨ੍ਹਾਂ ਦੇ ਗੰਭੀਰ ਸੱਟਾਂ ਲੱਗੀਆਂ,ਪਰ ਹਸਪਤਾਲ ਲਿਜਾਂਦਿਆਂ ਹੀ ਦੋਵਾਂ ਨੇ ਰਾਹ ਵਿੱਚ ਹੀ ਦਮ ਤੋੜ ਦਿੱਤਾ। ਟਰਾਲਾ ਚਾਲਕ ਦੀ ਪਹਿਚਾਣ ਨਹੀਂ ਹੋ ਸਕੀ ਏ। ਮਾਮਲੇ ਦੇ ਤਫਤੀਸ਼ੀ ਪੁਲੀਸ ਅਧਿਕਾਰੀ ਰਣਜੀਤ ਸਿੰਘ ਨੇ ਦੱਸਿਆ ਕਿ ਪੁਲੀਸ ਨੇ ਅਣਪਛਾਤੇ ਵਿਅਕਤੀਆਂ ਤੇ ਮਾਮਲਾ ਦਰਜ ਕਰ ਲਿਆ।

ਮਿਰਤਕਾਂ ਦੀ ਲਾਸ਼ਾਂ ਦਾ ਪੋਸਟਮਾਰਟਮ ਕਰਵਾਇਆ ਜਾ ਰਿਹਾ ਏ।

---------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਵਿਧਾਇਕ ਸ੍ਰੀ ਗੁਰਲਾਲ ਘਨੌਰ ਨੇ ਅਨਾਜ ਮੰਡੀ ਘਨੌਰ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ ਕਿਸਾਨਾਂ ਦੇ 227 ਲਾਭਪਾਤਰੀ ਪਰਿਵਾਰਾਂ ਨੂੰ ਮੁਆਵਜ਼ੇ ਵਜੋਂ ਲਗਭਗ 86 ਲੱਖ ਰੁਪਏ ਦੀ ਆਖਰੀ ਕਿਸ਼ਤ ਦੀ ਮਾਲੀ ਸਹਾਇਤਾ ਪ੍ਰਦਾਨ ਕੀਤੀ। ਸਮਾਗਮ ਦੌਰਾਨ ਲਾਭਪਾਤਰੀਆਂ ਨੂੰ ਮੁਆਵਜ਼ੇ ਦੇ ਚੈੱਕ ਸੌਂਪੇ ਗਏ ਅਤੇ ਉਨ੍ਹਾਂ ਦੇ ਖਾਤਿਆਂ ਵਿੱਚ ਰਕਮ

ਦਾ ਤਬਾਦਲਾ ਕਰਨ ਦੀ ਪ੍ਰਕਿਰਿਆ ਵੀ ਸ਼ੁਰੂ ਕੀਤੀ ਗਈ। ਇਸ ਮੌਕੇ ਮਾਰਕੀਟ ਕਮੇਟੀ ਘਨੌਰ ਦੀ ਨਵੀਂ ਇਮਾਰਤ ਦੀ ਉਸਾਰੀ ਲਈ ਨੀਂਹ ਪੱਥਰ ਵੀ ਰੱਖਿਆ ਗਿਆ। ਲਗਭਗ ਦੋ ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਇਹ ਇਮਾਰਤ ਕਿਸਾਨਾਂ, ਆੜ੍ਹਤੀਆਂ ਅਤੇ ਹੋਰ ਸਬੰਧਤ ਧਿਰਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਵਿੱਚ ਮਦਦਗਾਰ ਸਾਬਤ ਹੋਵੇਗੀ। ਇਸ ਤੋਂ ਇਲਾਵਾ ਖੇਤਰ ਦੇ ਵਿਕਾਸ ਨਾਲ ਸਬੰਧਤ ਹੋਰ ਕਾਰਜਾਂ ਦਾ ਵੀ ਉਦਘਾਟਨ ਕੀਤਾ ਗਿਆ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ ਜੀ ਪੀ ਸੀ) ਵੱਲੋਂ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਸਿੱਖ ਸ਼ਰਧਾਲੂਆਂ ਦੇ ਜੱਥੇ ਨੂੰ ਅੱਜ ਐਸ ਜੀ ਪੀ ਸੀ ਦਫ਼ਤਰ ਤੋਂ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਕੀਤਾ ਗਿਆ। ਇਸ ਮੌਕੇ ਐਸਜੀਪੀਸੀ ਵੱਲੋਂ ਜੱਥੇ ਵਿੱਚ ਸ਼ਾਮਲ ਸ਼ਰਧਾਲੂਆਂ ਨੂੰ ਸਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ।
ਇਹ ਜੱਥਾ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਮੌਕੇ ਪਾਕਿਸਤਾਨ ਜਾ ਰਿਹਾ ਏ, ਜਿੱਥੇ ਸ਼ਰਧਾਲੂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ੍ਰੀ ਪੰਜਾ ਸਾਹਿਬ, ਗੁਰਦੁਆਰਾ

ਰੋੜੀ ਸਾਹਿਬ, ਗੁਰਦੁਆਰਾ ਸੱਚਾ ਸੌਦਾ ਅਤੇ ਗੁਰਦੁਆਰਾ ਕਰਤਾਰਪੁਰ ਸਾਹਿਬ ਸਮੇਤ ਹੋਰ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰਨਗੇ। 18 ਜੂਨ ਨੂੰ ਗੁਰਦੁਆਰਾ ਡੇਰਾ ਸਾਹਿਬ ਲਾਹੌਰ ਵਿਖੇ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਸਮਾਗਮਾਂ ਵਿੱਚ ਵੀ ਸ਼ਮੂਲੀਅਤ ਕੀਤੀ ਜਾਵੇਗੀ। ਸ਼ਹੀਦੀ ਸਮਾਗਮਾਂ ਲਈ ਇਸ ਤਰ੍ਹਾਂ ਦਾ ਜੱਥਾ ਕਰੀਬ 14 ਸਾਲਾਂ ਬਾਅਦ ਪਾਕਿਸਤਾਨ ਜਾ ਰਿਹਾ ਏ । ਇਸ ਜੱਥੇ ਵਿੱਚ 541 ਸ਼ਰਧਾਲੂ ਸ਼ਾਮਲ ਨੇ .ਜੱਥਾ 19 ਜੂਨ ਨੂੰ ਭਾਰਤ ਵਾਪਸ ਪਰਤੇਗਾ।

---------------------------------------------------------

ਕ੍ਰਿਕੇਟ ਵਿੱਚ, ਭਾਰਤ ਏ ਨੇ ਕੱਲ੍ਹ ਤਿਕੋਣੀ ਲੜੀ ਦੇ ਪਹਿਲੇ ਮੈਚ ਵਿੱਚ ਸ਼੍ਰੀਲੰਕਾ ਏ ਨੂੰ 8 ਦੌੜਾਂ ਨਾਲ ਹਰਾਇਆ। ਭਾਰਤ ਏ ਦਾ ਅਗਲਾ ਮੁਕਾਬਲਾ ਭਲਕੇ ਅਫਗਾਨਿਸਤਾਨ ਏ ਨਾਲ ਹੋਵੇਗਾ। ਫਾਈਨਲ ਮੈਚ 21 ਜੂਨ ਨੂੰ ਖੇਡਿਆ ਜਾਵੇਗਾ।